# Hukamnama (ਹੁਕਮਨਾਮਾ) – 3 March 2013 (੩ ਮਾਰਚ ੨੦੧੩)

**Sri Guru Granth Sahib Page 609/610**

## ਸੋਰਠਿ ਮਹਲਾ ੫ ॥

sorath mehalaa 5 |
Sorat'h, Fifth Mehl:

### ਗੁਰੁ ਪੂਰਾ ਭੇਟਿਓ ਵਡਭਾਗੀ ਮਨਹਿ ਭਇਆ ਪਰਗਾਸਾ ॥

gur pooraa bhaettiou vaddabhaagee manehi bhaeiaa paragaasaa |
**I met the True Guru, by great good fortune, and my mind has been enlightened.**
ਹੇ ਭਾਈ! ਵੱਡੀ ਕਿਸਮਤਿ ਨਾਲ ਮੈਨੂੰ ਪੂਰਾ ਗੁਰੂ ਮਿਲ ਪਿਆ ਹੈ, ਮੇਰੇ ਮਨ ਵਿਚ ਆਤਮਕ ਜੀਵਨ ਦੀ ਸੂਝ ਪੈਦਾ ਹੋ ਗਈ ਹੈ ।

### ਕੋਇ ਨ ਪਹੁਚਨਹਾਰਾ ਦੂਜਾ ਅਪੁਨੇ ਸਾਹਿਬ ਕਾ ਭਰਵਾਸਾ ॥੧॥

koe n pahuchanehaaraa dhoojaa apunae saahib kaa bharavaasaa |1|
**No one else can equal me, because I have the loving support of my Lord and Master. ||1||**
ਹੁਣ ਮੈਨੂੰ ਆਪਣੇ ਮਾਲਕ ਦਾ ਸਹਾਰਾ ਹੋ ਗਿਆ ਹੈ, ਕੋਈ ਉਸ ਮਾਲਕ ਦੀ ਬਰਾਬਰੀ ਨਹੀਂ ਕਰ ਸਕਦਾ

### ਅਪੁਨੇ ਸਤਿਗੁਰ ਕੈ ਬਲਿਹਾਰੈ ॥

apunae sathigur kai balihaarai |
**I am a sacrifice to my True Guru.**
ਹੇ ਭਾਈ! ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਂਦਾ ਹਾਂ,

### ਆਗੈ ਸੁਖੁ ਪਾਛੈ ਸੁਖ ਸਹਜਾ ਘਰਿ ਆਨੰਦੁ ਹਮਾਰੈ ॥ ਰਹਾਉ ॥

aagai sukh paashai sukh sehajaa ghar aanandh hamaarai | rehaao |
**I am at peace in this world, and I shall be in celestial peace in the next; my home is filled with bliss. ||Pause||**
ਗੁਰੂ ਦੀ ਕਿਰਪਾ ਨਾਲ) ਮੇਰੇ ਹਿਰਦੇ-ਘਰ ਵਿਚ ਆਨੰਦ ਬਣਿਆ ਰਹਿੰਦਾ ਹੈ, ਇਸ ਲੋਕ ਵਿਚ ਭੀ ਆਤਮਕ ਅਡੋਲਤਾ ਦਾ ਸੁਖ ਮੈਨੂੰ ਪ੍ਰਾਪਤ ਹੋ ਗਿਆ ਹੈ, ਤੇ, ਪਰਲੋਕ ਵਿਚ ਭੀ ਇਹ ਸੁਖ ਟਿਕਿਆ ਰਹਿਣ ਵਾਲਾ ਹੈ ।ਰਹਾਉ।

### ਅੰਤਰਜਾਮੀ ਕਰਣੈਹਾਰਾ ਸੋਈ ਖਸਮੁ ਹਮਾਰਾ ॥

antharajaamee karanaihaaraa soee khasam hamaaraa |
**He is the Inner-knower, the Searcher of hearts, the Creator, my Lord and Master.**
(ਮੈਨੂੰ ਨਿਸ਼ਚਾ ਹੋ ਗਿਆ ਹੈ ਕਿ ਜੇਹੜਾ) ਸਿਰਜਣਹਾਰ ਸਭ ਦੇ ਦਿਲ ਦੀ ਜਾਣਨ ਵਾਲਾ ਹੈ ਉਹੀ ਮੇਰੇ ਸਿਰ ਉਤੇ ਰਾਖਾ ਹੈ ।

### ਨਿਰਭਉ ਭਏ ਗੁਰ ਚਰਣੀ ਲਾਗੇ ਇਕ ਰਾਮ ਨਾਮ ਆਧਾਰਾ ॥੨॥

nirabho bheae gur charanee laagae eik raam naam aadhaaraa |2|
**I have become fearless, attached to the Guru's feet; I take the Support of the Name of the One Lord. ||2||**
ਹੇ ਭਾਈ! ਜਦੋਂ ਦਾ ਮੈਂ ਗੁਰੂ ਦੀ ਚਰਨੀਂ ਲੱਗਾ ਹਾਂ, ਮੈਨੂੰ ਪਰਮਾਤਮਾ ਦੇ ਨਾਮ ਦਾ ਆਸਰਾ ਹੋ ਗਿਆ ਹੈ, ਕੋਈ ਡਰ ਮੈਨੂੰ ਹੁਣ ਪੋਹ ਨਹੀਂ ਸਕਦਾ

ਸਫਲ ਦਰਸਨੁ ਅਕਾਲ ਮੂਰਤਿ ਪ੍ਰਭੁ ਹੈ ਭੀ ਹੋਵਨਹਾਰਾ ॥
safal dharasan akaal moorath prabh hai bhee hovanehaaraa |
**Fruitful is the Blessed Vision of His Darshan; the Form of God is deathless; He is and shall always be.**
(ਹੇ ਭਾਈ! ਗੁਰੂ ਦੀ ਕਿਰਪਾ ਨਾਲ ਮੈਨੂੰ ਯਕੀਨ ਬਣ ਗਿਆ ਹੈ ਕਿ) ਜਿਸ ਪਰਮਾਤਮਾ ਦਾ ਦਰਸ਼ਨ ਮਨੁੱਖਾ ਜਨਮ ਦਾ ਫਲ ਦੇਣ ਵਾਲਾ ਹੈ, ਜਿਸ ਪਰਮਾਤਮਾ ਦੀ ਹਸਤੀ ਮੌਤ ਤੋਂ ਰਹਿਤ ਹੈ,

ਕੰਠਿ ਲਗਾਇ ਅਪੁਨੇ ਜਨ ਰਾਖੇ ਅਪੁਨੀ ਪ੍ਰੀਤਿ ਪਿਆਰਾ ॥੩॥
kanth lagaae apunae jan raakhae apunee preeth piaaraa |3|
**He hugs His humble servants close, and protects and preserves them; their love for Him is sweet to Him. ||3||**
ਉਹ ਇਸ ਵੇਲੇ ਭੀ (ਮੇਰੇ ਸਿਰ ਉਤੇ) ਮੌਜੂਦ ਹੈ, ਤੇ, ਸਦਾ ਕਾਇਮ ਰਹਿਣ ਵਾਲਾ ਹੈ । ਉਹ ਪ੍ਰਭੂ ਆਪਣੀ ਪ੍ਰੀਤਿ ਦੀ ਆਪਣੇ ਪਿਆਰ ਦੀ ਦਾਤਿ ਦੇ ਕੇ ਆਪਣੇ ਸੇਵਕਾਂ ਨੂੰ ਆਪਣੇ ਗਲ ਨਾਲ ਲਾ ਕੇ ਰੱਖਦਾ ਹੈ ।੩।

ਵਡੀ ਵਡਿਆਈ ਅਚਰਜ ਸੋਭਾ ਕਾਰਜੁ ਆਇਆ ਰਾਸੇ ॥
vaddee vaddiaaee acharaj sobhaa kaaraj aaeiaa raasae |
**Great is His glorious greatness, and wondrous is His magnificence; through Him, all affairs are resolved.**
ਉਹ ਗੁਰੂ ਬੜੀ ਵਡਿਆਈ ਵਾਲਾ ਹੈ, ਅਚਰਜ ਸੋਭਾ ਵਾਲਾ ਹੈ, ਉਸ ਦੀ ਸਰਨ ਪਿਆਂ ਜ਼ਿੰਦਗੀ ਦਾ ਮਨੋਰਥ ਪ੍ਰਾਪਤ ਹੋ ਜਾਂਦਾ ਹੈ ।

ਨਾਨਕ ਕਉ ਗੁਰੁ ਪੂਰਾ ਭੇਟਿਓ ਸਗਲੇ ਦੂਖ ਬਿਨਾਸੇ ॥੪॥੫॥
naanak ko gur pooraa bhaettiou sagalae dhookh binaasae |4|5|
**Nanak has met with the Perfect Guru; all his sorrows have been dispelled. ||4||5||**
ਹੇ ਭਾਈ! ਮੈਨੂੰ ਨਾਨਕ ਨੂੰ ਪੂਰਾ ਗੁਰੂ ਮਿਲ ਪਿਆ ਹੈ, ਮੇਰੇ ਸਾਰੇ ਦੁੱਖ ਦੂਰ ਹੋ ਗਏ ਹਨ ।